ਮਹਲਾ ੪ ਗਉੜੀ ਪੂਰਬੀ ॥ ਹਰਿ ਦਇਆਲਿ ਦਇਆ ਪ੍ਰਭਿ ਕੀਨੀ ਮੇਰੈ ਮਨਿ ਤਨਿ ਮੁਖਿ ਹਰਿ ਬੋਲੀ ॥ ਗੁਰਮੁਖਿ ਰੰਗੁ ਭਇਆ ਅਤਿ ਗੂੜਾ ਹਰਿ ਰੰਗਿ ਭੀਨੀ ਮੇਰੀ ਚੋਲੀ ॥੧॥ ਅਪੁਨੇ ਹਰਿ ਪ੍ਰਭ ਕੀ ਹਉ ਗੋਲੀ ॥ ਜਬ ਹਮ ਹਰਿ ਸੇਤੀ ਮਨੁ ਮਾਨਿਆ ਕਰਿ ਦੀਨੋ ਜਗਤੁ ਸਭੁ ਗੋਲ ਅਮੋਲੀ ॥ ੧॥ ਰਹਾਉ ॥ ਕਰਹੁ ਬਿਬੇਕੁ ਸੰਤ ਜਨ ਭਾਈ ਖੋਜਿ ਹਿਰਦੈ ਦੇਖਿ ਢੰਢੋਲੀ ॥ ਹਰਿ ਹਰਿ ਰੂਪੁ ਸਭ ਜੋਤਿ ਸਬਾਈ ਹਰਿ ਨਿਕਟਿ ਵਸੈ ਹਰਿ ਕੋਲੀ ॥ ੨॥ ਹਰਿ ਹਰਿ ਨਿਕਟਿ ਵਸੈ ਸਭ ਜਗ ਕੈ ਅਪਰੰਪਰ ਪੁਰਖੁ ਅਤੋਲੀ ॥ ਹਰਿ ਹਰਿ ਪ੍ਰਗਟੁ ਕੀਓ ਗੁਰਿ ਪੂਰੈ ਸਿਰੁ ਵੇਚਿਓ ਗੁਰ ਪਹਿ ਮੋਲੀ ॥੩॥ ਹਰਿ ਜੀ ਅੰਤਰਿ ਬਾਹਰਿ ਤੁਮ ਸਰਣਾਗਤਿ ਤੁਮ ਵਡ ਪੁਰਖ ਵਡੋਲੀ ॥ ਜਨੁ ਨਾਨਕੁ ਅਨਦਿਨੁ ਹਰਿ ਗੁਣ ਗਾਵੈ ਮਿਲਿ ਸਤਿਗੁਰ ਗੁਰ ਵੇਚੋਲੀ ॥੪॥੧॥੧੫॥੫੩॥ {ਪੰਨਾ 168-169}

ਪਦਅਰਥ:- ਦਇਆਲਿ—ਦਇਆਲ ਨੇ। ਪ੍ਰਭਿ—ਪ੍ਰਭੂ ਨੇ। ਮਨਿ—ਮਨ ਵਿਚ। ਤਨਿ—ਤਨ ਵਿਚ। ਮੁਖਿ—ਮੂੰਹ ਵਿਚ। ਹਰਿ ਬੋਲੀ—ਹਰੀ ਦੀ ਸਿਫ਼ਤਿ-ਸਾਲਾਹ ਦੀ ਬਾਣੀ। ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ। ਰੰਗਿ—ਰੰਗ ਵਿਚ। ਭੀਨੀ—ਭਿੱਜ ਗਈ।1।

ਹਉ—ਮੈਂ। ਗੋਲੀ—ਦਾਸੀ। ਸੇਤੀ—ਨਾਲ। ਗੋਲ—ਗੋਲਾ, ਸੇਵਕ। ਅਮੋਲੀ—ਬਿਨਾ ਮੁੱਲ ਦਿੱਤਿਆਂ।1। ਰਹਾਉ।

ਬਿਬੇਕੁ—ਪਰਖ। ਖੋਜਿ—ਖੋਜ ਕੇ। ਦੇਖਿ—ਵੇਖ। ਢੰਢੋਲੀ—ਢੰਢੋਲਿ, ਭਾਲ ਕਰ ਕੇ। ਸਬਾਈ—ਸਾਰੀ ਸ੍ਰਿਸ਼ਟੀ ਵਿਚ। ਨਿਕਟਿ—ਨੇੜੇ। ਕੋਲੀ—ਕੋਲ।2।

ਅਪਰੰਪਰ—ਪਰੇ ਤੋਂ ਪਰੇ। ਗੁਰਿ—ਗੁਰੂ ਨੇ। ਮੋਲੀ—ਮੁੱਲ ਤੋਂ।3।

ਤੁਮ ਸਰਣਾਗਤਿ—ਤੇਰੀ ਸਰਨ ਆਇਆ ਹਾਂ। ਵਡੋਲੀ—ਵੱਡਾ। ਅਨਦਿਨੁ—ਹਰ ਰੋਜ਼। ਵੇਚੋਲੀ—ਵਕੀਲ, ਵਿਚੋਲਾ।4।

ਅਰਥ:- ਮੈਂ ਆਪਣੇ ਹਰੀ ਦੀ ਪ੍ਰਭੂ ਦੀ ਦਾਸੀ (ਬਣ ਗਈ) ਹਾਂ। ਜਦੋਂ ਮੇਰਾ ਮਨ ਪਰਮਾਤਮਾ (ਦੀ ਯਾਦ ਦੇ) ਨਾਲ ਗਿੱਝ ਗਿਆ, ਪਰਮਾਤਮਾ ਨੇ ਸਾਰੇ ਜਗਤ ਨੂੰ ਮੇਰਾ ਬੇ-ਮੁੱਲਾ ਦਾਸ ਬਣਾ ਦਿੱਤਾ।1। ਰਹਾਉ।

ਦਇਆਲ ਹਰਿ-ਪ੍ਰਭੂ ਨੇ ਮੇਰੇ ਉਤੇ ਮਿਹਰ ਕੀਤੀ ਤੇ ਉਸ ਮੇਰੇ ਮਨ ਵਿਚ ਤਨ ਵਿਚ ਮੇਰੇ ਮੂੰਹ ਵਿਚ ਆਪਣੀ ਸਿਫ਼ਤਿ-ਸਾਲਾਹ ਦੀ ਬਾਣੀ ਰੱਖ ਦਿੱਤੀ। ਮੇਰੇ ਹਿਰਦੇ ਦੀ ਚੋਲੀ (ਭਾਵ, ਮੇਰਾ ਹਿਰਦਾ) ਪ੍ਰਭੂ-ਨਾਮ ਦੇ ਰੰਗ ਵਿਚ ਭਿੱਜ ਗਈ, ਗੁਰੂ ਦੀ ਸਰਨ ਪੈ ਕੇ ਉਹ ਰੰਗ ਬਹੁਤ ਗੂੜ੍ਹਾ ਹੋ ਗਿਆ।1।

ਹੇ ਸੰਤ ਜਨ ਭਰਾਵੋ! ਤੁਸੀ ਆਪਣੇ ਹਿਰਦੇ ਵਿਚ ਖੋਜ-ਭਾਲ ਕਰ ਕੇ ਵੇਖ ਕੇ ਵਿਚਾਰ ਕਰੋ (ਤੁਹਾਨੂੰ ਇਹ ਗੱਲ ਪਰਤੱਖ ਦਿੱਸ ਪਏਗੀ ਕਿ ਇਹ ਸਾਰਾ ਜਗਤ) ਪਰਮਾਤਮਾ ਦਾ ਹੀ ਰੂਪ ਹੈ, ਸਾਰੀ ਸ੍ਰਿਸ਼ਟੀ ਵਿਚ ਪਰਮਾਤਮਾ ਦੀ ਹੀ ਜੋਤਿ ਵੱਸ ਰਹੀ ਹੈ। ਪਰਮਾਤਮਾ ਹਰੇਕ ਜੀਵ ਦੇ ਨੇੜੇ ਵੱਸਦਾ ਹੈ ਕੋਲ ਵੱਸਦਾ ਹੈ।2।

ਉਹ ਪਰਮਾਤਮਾ, ਜੋ ਪਰੇ ਤੋਂ ਪਰੇ ਹੈ ਜੋ ਸਰਬ-ਵਿਆਪਕ ਹੈ ਜਿਸ ਦੇ ਗੁਣ-ਸਮੂਹ ਦਾ ਅੰਦਾਜ਼ਾ ਨਹੀਂ ਲਾਇਆ ਜਾ ਸਕਦਾ, ਸਾਰੇ ਜਗਤ ਦੇ ਨੇੜੇ ਵੱਸ ਰਿਹਾ ਹੈ। ਉਸ ਪਰਮਾਤਮਾ ਨੂੰ ਪੂਰੇ ਗੁਰੂ ਨੇ ਮੇਰੇ ਅੰਦਰ ਪਰਗਟ ਕੀਤਾ ਹੈ, (ਇਸ ਵਾਸਤੇ) ਮੈਂ ਆਪਣਾ ਸਿਰ ਗੁਰੂ ਪਾਸ ਮੁੱਲ ਤੋਂ ਵੇਚ ਦਿੱਤਾ ਹੈ (ਭਾਵ, ਆਪਣਾ ਕੋਈ ਹੱਕ-ਦਾਅਵਾ ਨਹੀਂ ਰੱਖਿਆ ਜਿਵੇਂ ਮੁੱਲ ਲੈ ਕੇ ਵੇਚੀ ਕਿਸੇ ਚੀਜ਼ ਉੱਤੇ ਹੱਕ ਨਹੀਂ ਰਹਿ ਜਾਂਦਾ)।3।

ਹੇ ਹਰੀ! (ਸਾਰੇ ਜਗਤ ਵਿਚ ਸਭ ਜੀਵਾਂ ਦੇ) ਅੰਦਰ ਬਾਹਰ ਤੂੰ ਵੱਸ ਰਿਹਾ ਹੈਂ। ਮੈਂ ਤੇਰੀ ਸਰਨ ਆਇਆ ਹਾਂ। ਮੇਰੇ ਵਾਸਤੇ ਤੂੰ ਹੀ ਸਭ ਤੋਂ ਵੱਡਾ ਮਾਲਕ ਹੈਂ। ਦਾਸ ਨਾਨਕ ਗੁਰੂ-ਵਿਚੋਲੇ ਨੂੰ ਮਿਲ ਕੇ ਹਰ ਰੋਜ਼ ਹਰੀ ਦੇ ਗੁਣ ਗਾਂਦਾ ਹੈ।4।1।15। 53।